# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ :13-01-2026**

ਉਪ ਰਾਸ਼ਟਰਪਤੀ ਸੀ.ਪੀ. ਰਾਧਾਕ੍ਰਿਸ਼ਨਨ ਨੇ ਕਿਹਾ ਏ ਕਿ ਵਿਕਸਿਤ ਭਾਰਤ ਦਾ ਸੁਪਨਾ ਤਾਂ ਹੀ ਸਾਕਾਰ ਹੋ ਸਕਦਾ ਏ ਜਦੋਂ ਦੇਸ਼ ਦੇ ਨੌਜਵਾਨ ਨਸ਼ਾ ਮੁਕਤ, ਸਿਹਤਮੰਦ ਅਤੇ ਆਪਣੇ ਟੀਚਿਆਂ ਪ੍ਰਤੀ ਸਮਰਪਿਤ ਹੋਣ। ਉਹ ਅੱਜ ਰਾਸ਼ਟਰੀ ਰਾਜਧਾਨੀ ਵਿੱਚ ਦਿੱਲੀ ਯੂਨੀਵਰਸਿਟੀ ਦੇ ਨਸ਼ਾ ਮੁਕਤ ਕੈਂਪਸ ਮੁਹਿੰਮ ਨੂੰ ਸੰਬੋਧਨ ਕਰ ਰਹੇ ਸਨ। ਉਪ ਰਾਸ਼ਟਰਪਤੀ ਨੇ ਕਿਹਾ ਕਿ ਇਹ ਪ੍ਰੋਗਰਾਮ ਸਰਕਾਰ ਦੀ ਨਸ਼ਾ ਮੁਕਤ ਭਾਰਤ ਮੁਹਿੰਮ ਦੇ ਮੁਤਾਬਿਕ ਏ . ਉਨ੍ਹਾਂ ਕਿਹਾ ਕਿ ਨਸ਼ਾਖੋਰੀ ਇੱਕ ਸਮਾਜਿਕ ਚੁਣੌਤੀ, ਤੇ ਇੱਕ ਜਨਤਕ ਸਿਹਤ ਚਿੰਤਾ ਏ. ਸ਼੍ਰੀ ਰਾਧਾਕ੍ਰਿਸ਼ਨਨ ਨੇ ਕਿਹਾ ਕਿ ਇਸ ਸਮੇਂ ਹਰ ਕਿਸੇ ਲਈ ਨਸ਼ਿਆਂ ਤੋਂ ਦੂਰ ਰਹਿਣਾ ਬਹੁਤ ਜ਼ਰੂਰੀ ਏ। ਉਨ੍ਹਾਂ ਨਸ਼ਿਆਂ ਦੀ ਦੁਰਵਰਤੋਂ ਵਿਰੁੱਧ ਆਵਾਜ਼ ਬੁਲੰਦ ਕਰਨ ਅਤੇ

ਇਸਦੀ ਵਰਤੋਂ ਬਾਰੇ ਜਾਗਰੂਕਤਾ ਫੈਲਾਉਣ ਦੀ ਜ਼ਰੂਰਤ 'ਤੇ ਵੀ ਜ਼ੋਰ ਦਿੱਤਾ।

-----------------------------------------------------------------------

ਖੁਸ਼ੀਆਂ, ਨਿੱਘ ਅਤੇ ਭਾਈਚਾਰੇ ਦਾ ਤਿਉਹਾਰ ਲੋਹੜੀ, ਪੰਜਾਬ ਵਿੱਚ, ਅੱਜ ਪੂਰੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਏ. ਇਹ ਤਿਉਹਾਰ ਸ਼ਾਮ ਨੂੰ ਅੱਗ ਬਾਲਣ ਅਤੇ ਮਨੁੱਖਤਾ ਦੀ ਖੁਸ਼ੀ ਅਤੇ ਖੁਸ਼ਹਾਲੀ ਲਈ ਪ੍ਰਾਰਥਨਾ ਕਰਨ ਨਾਲ ਮਨਾਇਆ ਜਾਵੇਗਾ। ਪੰਜਾਬ ਵਿੱਚ ਪੈ ਰਹੀ ਕੜਾਕੇ ਦੀ ਠੰਢ ਦਰਮਿਆਨ ਨਿੱਘ ਭਰਿਆ ਇਹ ਤਿਉਹਾਰ ਅੱਜ ਸਾਰਿਆਂ ਨੂੰ ਖੁਸ਼ੀਆਂ ਮਨਾਉਣ ਦਾ ਮੌਕਾ ਦਏਗਾ –

ਸੁੰਦਰ ਮੁੰਦਰੀਏ ਹੋ, ਤੇਰਾ ਕੋਣ ਵਿਚਾਰਾ ਹੋ, ਦੁੱਲਾ ਭੱਟੀ ਵਾਲਾ ਹੋ....

ਇਹ ਮਹਾਨ ਦੁੱਲਾ ਭੱਟੀ ਦਾ ਉਹ ਗੀਤ ਹੈ ਜੋ ਉਨ੍ਹਾਂ ਸਾਰਿਆਂ ਵਲੋਂ ਗਾਇਆ ਜਾਂਦਾ ਹੈ ਜੋ ਇੱਕ ਦੂਜੇ ਦੇ ਘਰ ਲੋਹੜੀ ਮੰਗਣ ਲਈ ਜਾਂਦੇ ਹਨ। ਉਹ ਭਾਵੇਂ ਕਿਸੇ ਵੀ ਉਮਰ ਦੇ ਹੋਣ, ਇਹ ਗੀਤ ਕੁਦਰਤੀ ਤੌਰ 'ਤੇ ਨਿਕਲਦਾ ਹੈ।

ਸ਼ਾਮ ਨੂੰ, ਘਰ ਵਿੱਚ ਪੂਜਾ ਕਰਨ ਤੋਂ ਬਾਅਦ, ਲੋਹੜੀ ਬਾਲੀ ਜਾਵੇਗੀ ਜਿੱਥੇ ਸਾਰੇ ਪਰਿਵਾਰ guwandiyan ਸਮੇਤ ਤਿਉਹਾਰ ਮਨਾਉਣ ਲਈ ਬੈਠਣਗੇ।

ਨਵੀਆਂ ਵਿਆਹੀਆਂ ਅਤੇ ਨਵਜੰਮੀਆਂ ਬੱਚੀਆਂ ਦੇ ਮਾਪਿਆਂ ਲਈ ਇਹ ਤਿਉਹਾਰ ਹੋਰ ਵੀ ਖੁਸ਼ੀਆਂ ਭਰਿਆ ਹੁੰਦਾਂ ਹੈ। ਰਾਜ ਵਿੱਚ ਵੱਖ-ਵੱਖ ਥਾਵਾਂ 'ਤੇ 'ਧੀਆਂ ਦੀ ਲੋਹੜੀ' ਮਨਾਉਣ ਲਈ ਵਿਸ਼ੇਸ਼ ਪ੍ਰੋਗਰਾਮ ਵੀ ਚੱਲ ਰਹੇ ਹਨ। ਇਹ ਧੀਆਂ ਪ੍ਰਤੀ ਸਮਾਜ ਦੀ ਮਾਨਸਿਕਤਾ ਵਿੱਚ ਸਕਾਰਾਤਮਕ ਤਬਦੀਲੀ ਦਾ ਪ੍ਰਤੀਕ ਹਨ। <><>

ਆਕਾਸ਼ਵਾਣੀ ਖ਼ਬਰਾਂ ਲਯੀ ਜਲੰਧਰ ਤੋਂ ਮੈਂ ਕਾਜਲ

-----------------------------------------------------------------------

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਅੱਜ ਤੋਂ ਮਨਾਏ ਜਾਣ ਵਾਲੇ ਲੋਹੜੀ, ਮਕਰ ਸੰਕ੍ਰਾਂਤੀ, ਪੋਂਗਲ ਅਤੇ ਮਾਘ ਬਿਹੂ ਦੇ ਮੌਕੇ 'ਤੇ ਨਾਗਰਿਕਾਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ ਨੇ. ਆਪਣੇ ਸੰਦੇਸ਼ ਵਿੱਚ, ਰਾਸ਼ਟਰਪਤੀ ਨੇ ਕਿਹਾ ਕਿ ਇਹ ਤਿਉਹਾਰ ਦੇਸ਼ ਦੀਆਂ ਅਮੀਰ ਖੇਤੀਬਾੜੀ ਰਵਾਇਤਾਂ  ਦਾ ਪ੍ਰਤੀਕ ਨੇ ਅਤੇ ਰਾਸ਼ਟਰੀ ਏਕਤਾ ਦੀ ਭਾਵਨਾ ਨੂੰ ਦਰਸਾਉਂਦੇ ਨੇ. ਰਾਸ਼ਟਰਪਤੀ ਨੇ ਇਹ ਵੀ ਕਿਹਾ ਕਿ ਇਹ ਮੌਕੇ, ਦੇਸ਼ ਦੇ ਕਿਸਾਨਾਂ ਦੀ ਸਖ਼ਤ ਮਿਹਨਤ ਅਤੇ ਸਮਰਪਣ ਨੂੰ ਸਲਾਮ ਕਰਨ ਦਾ ਵੀ ਇੱਕ ਮੌਕਾ ਪ੍ਰਦਾਨ ਕਰਦੇ ਨੇ, ਜੋ ਦੇਸ਼ ਨੂੰ ਭੋਜਨ ਦੇਣ ਲਈ ਅਣਥੱਕ ਮਿਹਨਤ ਕਰਦੇ ਨੇ.

-----------------------------------------------------------------------

ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਲੋਹੜੀ ਮੌਕੇ ਸੋਸ਼ਲ ਮੀਡੀਆ ਪੋਸਟ ਰਾਹੀਂ ਸ਼ੁਭਕਾਮਨਾਵਾਂ ਦਿੱਤੀਆਂ ਨੇ. ਆਪਣੇ ਸੁਨੇਹੇ ‘ਚ ਗ੍ਰਹਿ ਮੰਤਰੀ ਨੇ ਉਤਸ਼ਾਹ, ਉਮੰਗ ਤੇ ਨਵੀਂ ਊਰਜਾ ਦੇ ਪ੍ਰਤੀਕ ਲੋਹੜੀ ਦੇ ਤਿਉਹਾਰ ਦੀਆਂ ਸਾਰਿਆਂ ਨੂੰ ਵਧਾਈਆਂ ਦਿੱਤੀਆਂ.

ਪੰਜਾਬ ਦੇ ਮੁਖ ਮੰਤਰੀ ਭਗਵੰਤ ਸਿੰਘ ਮਾਨ ਨੇ ਵੀ ਸੋਸ਼ਲ ਮੀਡੀਆ ਪੋਸਟ ਰਾਹੀਂ ਲੋਹੜੀ ਦੀਆਂ ਵਧਾਈਆਂ ਦਿੰਦਿਆਂ ਕਾਮਨਾ ਕੀਤੀ ਕਿ ਪ੍ਰਮਾਤਮਾ ਸਾਰਿਆਂ ਨੂੰ ਤੰਦਰੁਸਤੀ, ਤਰੱਕੀ ਅਤੇ ਚੜ੍ਹਦੀ ਕਲਾ ਬਖਸ਼ਣ.

--------------------------------------------------------------------

ਪੰਜਾਬ ਦੇ ਜਲ ਸਪਲਾਈ ਅਤੇ ਸੈਨੀਟੇਸ਼ਨ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਕੱਲ੍ਹ ਚੰਡੀਗੜ੍ਹ ‘ਚ ਪੰਜਾਬ ਭਵਨ ਵਿਖੇ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਦੇ ਗਰੁੱਪ-ਡੀ ਦੇ ਨਵੇਂ-ਨਿਯੁਕਤ ਹੋਏ 12 ਮੁਲਾਜ਼ਮਾਂ ਨੂੰ ਨਿਯੁਕਤੀ ਪੱਤਰ ਸੌਂਪੇ। ਇਹ ਨਿਯੁਕਤੀਆਂ ਘਰ ਦੇ ਇੱਕੋ-ਇੱਕ ਕਮਾਉਣ ਵਾਲੇ ਮੈਂਬਰ ਦੀ ਮੌਤ ਹੋਣ ਦੀ ਸੂਰਤ ਵਿੱਚ ਮਾਲੀ ਪ੍ਰੇਸ਼ਾਨੀਆਂ ਦਾ ਸਾਹਮਣਾ ਕਰ ਰਹੇ ਲੋੜਵੰਦ ਪਰਿਵਾਰਾਂ ਦੀ ਸਹਾਇਤਾ ਲਈ ਹਮਦਰਦੀ ਦੇ ਆਧਾਰ 'ਤੇ ਰੋਜ਼ਗਾਰ ਦੇਣ ਸਬੰਧੀ ਪੰਜਾਬ ਸਰਕਾਰ ਦੀ ਨੀਤੀ ਤਹਿਤ ਦਿੱਤੀਆਂ ਗਈਆਂ ਨੇ.

--------------------------------------------------------------------

ਜਲੰਧਰ ਦੇ ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਅਫ਼ਸਰ ਕਮਾਂਡਰ

ਬਲਜਿੰਦਰ ਸਿੰਘ ਵਿਰਕ ਨੇ ਜਾਣਕਾਰੀ ਦਿੱਤੀ ਏ ਕਿ ਡਾਇਰੈਕਟੋਰੇਟ ਰੱਖਿਆ ਸੇਵਾਵਾਂ ਭਲਾਈ ਵਿਭਾਗ ਵੱਲੋਂ 10ਵੇਂ ਆਰਮਡ ਫੋਰਸਿਸ ਵੈਟਰਨ ਦਿਵਸ ਦੇ ਮੌਕੇ ’ਤੇ ਜ਼ਿਲ੍ਹੇ ਦੇ ਸਾਬਕਾ ਸੈਨਿਕਾਂ ਅਤੇ ਉਨ੍ਹਾਂ ਦੇ ਆਸ਼ਰਿਤਾਂ, ਜੋ ਕਿ ਸਪਰਸ਼ (SPARSH) ਰਾਹੀਂ ਪੈਨਸ਼ਨ ਲੈ ਰਹੇ ਨੇ, ਦੀ ਸਹੂਲਤ ਲਈ ਭਲਕੇ 14 ਤੇ 15 ਜਨਵਰੀ 2026 ਨੂੰ ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਦਫ਼ਤਰ ਜਲੰਧਰ ਅਤੇ ਕਪੂਰਥਲਾ ਵਿਖੇ ਵਿਸ਼ੇਸ਼ ਕੈਂਪ ਲਾਇਆ ਜਾ ਰਿਹਾ ਏ. ਉਨ੍ਹਾਂ ਸਾਰੇ ਸਾਬਕਾ ਸੈਨਿਕਾਂ ਅਤੇ ਉਨ੍ਹਾਂ ਦੇ ਆਸ਼ਰਿਤਾਂ ਨੂੰ ਅਪੀਲ ਕੀਤੀ ਕਿ ਜਿਨ੍ਹਾਂ ਨੇ ਸਪਰਸ਼ ਰਾਹੀਂ ਜੀਵਨ ਪ੍ਰਮਾਣ ਪੱਤਰ ਜਮ੍ਹਾ ਕਰਵਾਉਣੇ ਨੇ ਜਾਂ ਕੋਈ ਹੋਰ ਸਮੱਸਿਆ ਆ ਰਹੀ ਏ, ਉਹ ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਦਫ਼ਤਰ ਵਿਖੇ ਪਹੁੰਚ ਕਰ ਸਕਦੇ ਨੇ.

------------------------------------------------------------------

ਸੂਬੇ ਦੇ ਵਿਦਿਆਰਥੀਆਂ ਲਈ ਲਾਈਨਾਂ ਵਿੱਚ ਖੜ੍ਹਨ, ਕਾਗਜ਼ੀ ਕਾਰਵਾਈ ਅਤੇ ਹਫ਼ਤਿਆਂ ਦੀ ਲੰਮੀ ਉਡੀਕ ਨੂੰ ਖਤਮ ਕਰਨ ਦੀ ਦਿਸ਼ਾ ਵਿੱਚ ਅਹਿਮ ਕਦਮ ਚੁੱਕਦਿਆਂ ਸਰਕਾਰ ਵੱਲੋਂ, ਪੰਜਾਬ

ਸਕੂਲ ਸਿੱਖਿਆ ਬੋਰਡ ਵੱਲੋਂ ਜਾਰੀ ਵਿਦਿਅਕ ਦਸਤਾਵੇਜ਼ਾਂ ਦੀ ਆਨਲਾਈਨ ਤਸਦੀਕ ਅਤੇ ਪ੍ਰਮਾਣਿਕਤਾ ਲਈ ਡਿਜੀਟਲ ਪਲੇਟਫਾਰਮ "ਈ-ਸਨਦ" ਲਾਂਚ ਕੀਤਾ ਗਿਆ ਏ । ਕਲ੍ਹ ਚੰਡੀਗੜ੍ਹ'ਚ ਪੰਜਾਬ ਸਕੂਲ ਸਿੱਖਿਆ ਬੋਰਡ ਦੀ "ਈ-ਸਨਦ" ਸੇਵਾ ਦੀ ਸ਼ੁਰੂਆਤ ਨਾਲ ਬੋਰਡ ਦੇ ਮੌਜੂਦਾ ਤੇ ਸਾਬਕਾ ਵਿਦਿਆਰਥੀ ਵਿਸਥਾਰਤ ਅੰਕ-ਸੂਚੀ ਅਤੇ ਸਰਟੀਫਿਕੇਟਾਂ ਦੀ ਆਨਲਾਈਨ ਤਸਦੀਕ ਹੁਣ ਕੁੱਝ ਹੀ ਦਿਨਾਂ ਵਿੱਚ ਕਰਵਾ ਸਕਦੇ ਨੇ, ਜਿਸ ਲਈ ਪਹਿਲਾਂ 40-45 ਦਿਨ ਲੱਗਦੇ ਸਨ। ਇਸ ਡਿਜੀਟਸ ਸੇਵਾ ਦੀ ਸ਼ੁਰੂਆਤ ਕਰਨ ਬਾਅਦ ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਦੱਸਿਆ ਕਿ ਇਹ ਸਹੂਲਤ ਪੰਜਾਬ ਸਕੂਲ ਸਿੱਖਿਆ ਬੋਰਡ ਦੇ ਮੌਜੂਦਾ ਅਤੇ ਸਾਬਕਾ ਵਿਦਿਆਰਥੀਆਂ ਲਈ ਉਪਲਬਧ ਏ.

-------------------------------------------------------------------

ਕੈਬਨਿਟ ਮੰਤਰੀ ਅਮਨ ਅਰੋੜਾ ਨੇ ਸ਼ਹੀਦ ਭਗਤ ਸਿੰਘ ਬਹੁ-ਉਦੇਸ਼ੀ ਖੇਡ ਸਟੇਡੀਅਮ ਵਿੱਚ ਬਠਿੰਡਾ ਪ੍ਰੀਮੀਅਰ ਲੀਗ ਦਾ ਉਦਘਾਟਨ ਕੀਤਾ. ਇਸ ਮੌਕੇ ਓਹਨਾਂ ਕਿਹਾ ਕਿ ਸਰਕਾਰ ਵੱਲੋਂ

ਨਸ਼ਿਆਂ ਨੂੰ ਜੜ੍ਹੋਂ ਖਤਮ ਕਰਨ ਲਈ ਬੇਮਿਸਾਲ ਤੇ ਦੂਰਅੰਦੇਸ਼ ਉਪਰਾਲੇ ਕੀਤੇ ਜਾ ਰਹੇ ਨੇ. ਇਸ ਮੌਕੇ ਕੈਬਨਿਟ ਮੰਤਰੀ ਸ੍ਰੀ ਗੁਰਮੀਤ ਸਿੰਘ ਖੁੱਡੀਆਂ ਨੇ ਨਸ਼ਾ ਛੁਡਾਊ ਕੇਂਦਰਾਂ ਦੀ ਮਜ਼ਬੂਤੀ ਅਤੇ ਮੁੜ੍ਹਵਸੇਬੇ 'ਤੇ ਖ਼ਾਸ ਧਿਆਨ ਦਿੰਦੇ ਹੋਏ ਨੌਜਵਾਨਾਂ ਨੂੰ ਮੈਡੀਕਲ ਸਹਾਇਤਾ, ਕੌਂਸਲਿੰਗ ਅਤੇ ਨਵੀਂ ਸ਼ੁਰੂਆਤ ਲਈ ਮੌਕੇ ਦਿੱਤੇ ਜਾਣ ਦੀ ਜਾਣਕਾਰੀ ਦਿੱਤੀ। ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆਂ ਵੀ ਇਸ ਮੌਕੇ ਪਹੁੰਚੇ.

---------------------------------------------------